# Owing to prevailing security situation in Afghanistan all Afghan nationals henceforth must travel to India only on e-Visa

August 25, 2021

……………………………………………………………………………………………………………

## ਅਫ਼ਗਾਨਿਸਤਾਨ ਦੀ ਮੌਜੂਦਾ ਸੁਰੱਖਿਆ ਸਥਿਤੀ ਦੇ ਮੱਦੇਨਜ਼ਰ ਸਾਰੇ ਅਫ਼ਗਾਨ ਨਾਗਰਿਕਾਂ ਨੂੰ ਹੁਣ E -ਵੀਜ਼ਾ 'ਤੇ ਭਾਰਤ ਦੀ ਯਾਤਰਾ ਕਰਨੀ ਚਾਹੀਦੀ ਹੈ

25 ਅਗਸਤ, 2021

ਅਫ਼ਗਾਨਿਸਤਾਨ ਦੀ ਮੌਜੂਦਾ ਸੁਰੱਖਿਆ ਸਥਿਤੀ ਅਤੇ ਵੀਜ਼ਾ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ E-ਐਮਰਜੈਂਸੀ X Misc ਵੀਜ਼ਾ ਦੀ ਸ਼ੁਰੂਆਤ ਹੋਣ ਕਰਕੇ ਇਹ ਫੈਸਲਾ ਕੀਤਾ ਗਿਆ ਹੈ ਕਿ ਹੁਣ ਤੋਂ ਸਾਰੇ ਅਫ਼ਗਾਨ ਨਾਗਰਿਕਾਂ ਨੂੰ ਸਿਰਫ਼ ਈ-ਵੀਜ਼ਾ 'ਤੇ ਭਾਰਤ ਦੀ ਯਾਤਰਾ ਕਰਨੀ ਚਾਹੀਦੀ ਹੈ।

ਕੁਝ ਅਜਿਹੀਆਂ ਰਿਪੋਰਟਾਂ ਦੇ ਮੱਦੇਨਜ਼ਰ, ਕਿ ਅਫ਼ਗਾਨ ਨਾਗਰਿਕਾਂ ਦੇ ਕੁਝ ਪਾਸਪੋਰਟ ਗੁਮ ਹੋ ਗਏ ਹਨ, ਉਨ੍ਹਾਂ ਅਫ਼ਗਾਨ ਨਾਗਰਿਕਾਂ ਨੂੰ ਪਹਿਲਾਂ ਜਾਰੀ ਕੀਤੇ ਗਏ ਵੀਜ਼ਾ, ਜੋ ਵਰਤਮਾਨ ਵਿੱਚ ਭਾਰਤ ਵਿੱਚ ਨਹੀਂ ਹਨ, ਫੌਰੀ ਪ੍ਰਭਾਵ ਨਾਲ ਰੱਦ ਕੀਤੇ ਜਾਂਦੇ ਹਨ। ਭਾਰਤ ਦੀ ਯਾਤਰਾ ਕਰਨ ਦੇ ਚਾਹਵਾਨ ਅਫਗਾਨ ਨਾਗਰਿਕ www.indianvisaonline.gov.in 'ਤੇ E -ਵੀਜ਼ਾ ਲਈ ਅਰਜ਼ੀ ਦੇ ਸਕਦੇ ਹਨ।

ਨਵੀਂ ਦਿੱਲੀ
25 ਅਗਸਤ, 2021

DISCLAIMER: This is an approximate translation. The original is available in English on MEA's website and may be referred to as the official press release.